ਧਨਾਸਰੀ ਮਹਲਾ ੫ ॥ ਗੁਰ ਕੇ ਚਰਨ ਜੀਅ ਕਾ ਨਿਸਤਾਰਾ ॥ ਸਮੁੰਦੁ ਸਾਗਰੁ ਜਿਨਿ ਖਿਨ ਮਹਿ ਤਾਰਾ ॥੧॥ ਰਹਾਉ ॥ ਕੋਈ ਹੋਆ ਕ੍ਰਮ ਰਤੁ ਕੋਈ ਤੀਰਥ ਨਾਇਆ ॥ ਦਾਸੀ ਂ ਹਰਿ ਕਾ ਨਾਮੁ ਧਿਆਇਆ ॥੧॥ ਬੰਧਨ ਕਾਟਨਹਾਰੁ ਸੁਆਮੀ ॥ ਜਨ ਨਾਨਕੁ ਸਿਮਰੈ ਅੰਤਰਜਾਮੀ ॥੨॥੩॥੫੭॥
{ਪੰਨਾ 684}

ਪਦਅਰਥ:- ਜੀਅ ਕਾ—ਜਿੰਦ ਦਾ। ਨਿਸਤਾਰਾ—ਪਾਰ-ਉਤਾਰਾ। ਸਾਗਰੁ—ਸਮੁੰਦਰ। ਜਿਨਿ—ਜਿਸ (ਗੁਰੂ) ਨੇ। ਤਾਰਾ—ਪਾਰ ਲੰਘਾ ਦਿੱਤਾ।1। ਰਹਾਉ।

ਕ੍ਰਮ—ਕਰਮ, ਧਾਰਮਿਕ ਰਸਮਾਂ, ਕਰਮ ਕਾਂਡ। ਰਤੁ—ਮਸਤ, ਪ੍ਰੇਮੀ। ਤੀਰਥ—ਤੀਰਥਾਂ ਉਤੇ। ਦਾਸੀ—ਦਾਸਾਂ ਨੇ।1।

ਕਾਟਨਹਾਰੁ—ਕੱਟ ਸਕਣ ਵਾਲਾ। ਸੁਆਮੀ—ਮਾਲਕ। ਨਾਨਕੁ ਸਿਮਰੈ—ਨਾਨਕ ਸਿਮਰਦਾ ਹੈ।2।

ਅਰਥ:- ਹੇ ਭਾਈ! ਜਿਸ (ਗੁਰੂ) ਨੇ (ਸਰਨ ਆਏ ਮਨੁੱਖ ਨੂੰ ਸਦਾ) ਇਕ ਛਿਨ ਵਿਚ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ; ਉਸ ਗੁਰੂ ਦੇ ਚਰਨਾਂ ਦਾ ਧਿਆਨ ਜਿੰਦ ਵਾਸਤੇ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਵਸੀਲਾ ਹਨ।1। ਰਹਾਉ।

ਹੇ ਭਾਈ! ਕੋਈ ਮਨੁੱਖ ਧਾਰਮਿਕ ਰਸਮਾਂ ਦਾ ਪ੍ਰੇਮੀ ਬਣ ਜਾਂਦਾ ਹੈ; ਕੋਈ ਮਨੁੱਖ ਤੀਰਥਾਂ ਉੱਤੇ ਇਸ਼ਨਾਨ ਕਰਦਾ ਫਿਰਦਾ ਹੈ। ਪਰਮਾਤਮਾ ਦੇ ਦਾਸਾਂ ਨੇ (ਸਦਾ) ਪਰਮਾਤਮਾ ਦਾ ਨਾਮ ਹੀ ਸਿਮਰਿਆ ਹੈ।1।

ਹੇ ਭਾਈ! ਦਾਸ ਨਾਨਕ (ਭੀ ਉਸ ਪਰਮਾਤਮਾ ਦਾ ਨਾਮ) ਸਿਮਰਦਾ ਹੈ ਜੋ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਜੋ ਸਭ ਦਾ ਮਾਲਕ ਹੈ, ਜੋ (ਜੀਵਾਂ ਦੇ ਮਾਇਆ ਦੇ) ਬੰਧਨ ਕੱਟਣ ਦੀ ਸਮਰਥਾ ਰੱਖਦਾ ਹੈ।2।3। 57।